# ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਅਤੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ

# ਨਰਮੇ ਦੀ ਸੁਚੱਜੀ ਕਾਸ਼ਤ ਲਈ ਜ਼ਰੂਰੀ ਨੁਕਤੇ

## ਕੀ ਕਰੀਏ

- ਸਿਫ਼ਾਰਸ਼ ਕੀਤੀਆਂ ਬੀ ਟੀ ਨਰਮੇ ਦੀਆਂ ਕਿਸਮਾਂ ਦੀ ਹੀ ਬਿਜਾਈ ਕਰੋ।
- ਬੀਜ ਹਮੇਸ਼ਾਂ ਭਰੋਸੇਯੋਗ ਵਸੀਲਿਆਂ ਤੋਂ ਹੀ ਖਰੀਦੋ ਅਤੇ ਨਾਲ ਪੱਕਾ ਬਿੱਲ ਲਵੋ ਜਿਸ ਉੱਪਰ ਬੀਜ ਦਾ ਲਾਟ ਨੰਬਰ ਜ਼ਰੂਰ ਹੋਵੇ। ਬਿਜਾਈ ਤੋਂ ਬਾਅਦ ਪੱਕਾ ਬਿੱਲ ਅਤੇ ਬੀਜ ਦੀ ਖ਼ਾਲੀ ਥੈਲੀ ਸੰਭਾਲ ਕੇ ਰੱਖੋ।
- ਨਰਮੇ ਵਾਲੇ ਖੇਤ ਨੂੰ ਡੂੰਘਾ ਵਾਹੁਣਾ ਅਤੇ ਬਿਜਾਈ ਤੋਂ ਪਹਿਲਾਂ ਭਰਵੀਂ ਰੌਣੀ ਕਰਨੀ ਬਹੁਤ ਜ਼ਰੂਰੀ ਹੈ।
- ਬਿਜਾਈ ਹਰ ਹਾਲਤ ਵਿੱਚ 15 ਮਈ ਤੱਕ ਕਰ ਦਿਓ।
- ਬੀ ਟੀ ਨਰਮੇ ਦੁਆਲੇ ਗ਼ੈਰ ਬੀ ਟੀ ਰਿਫ੍ਯੂਜ਼ੀਆ ਜ਼ਰੂਰ ਲਗਾਓ। ਇਸ ਨਾਲ ਸੁੰਡੀਆਂ ਵਿੱਚ ਬੀਟੀ ਪ੍ਰਤੀ ਸਹਿਣਸ਼ਕਤੀ ਪੈਦਾ ਹੋਣ ਦੀ ਸੰਭਾਵਨਾ ਨਹੀਂ ਰਹਿੰਦੀ।
- ਦੇਸੀ ਕਪਾਹ ਉੱਪਰ ਪੱਤਾ ਮਰੋੜ ਬਿਮਾਰੀ ਦਾ ਹਮਲਾ ਨਹੀਂ ਹੁੰਦਾ ਅਤੇ ਰਸ ਚੂਸਣ ਵਾਲੇ ਕੀੜੇ ਜਿਵੇਂ ਕਿ ਹਰਾ ਤੇਲਾ ਅਤੇ ਚਿੱਟੀ ਮੱਖੀ ਦਾ ਹਮਲਾ ਵੀ ਘੱਟ ਹੁੰਦਾ ਹੈ। ਇਸ ਕਰਕੇ ਨਰਮਾ ਪੱਟੀ ਦੇ ਜ਼ਿਆਦਾ ਪ੍ਰਭਾਵਿਤ ਇਲਾਕੇ ਜਿਵੇਂ ਕਿ ਬਲਾਕ ਖੂਹੀਆਂ ਸਰਵਰ, ਅਬੋਹਰ, ਆਦਿ ਵਿੱਚ ਦੇਸੀ ਕਪਾਹ ਦੀ ਬਿਜਾਈ ਨੂੰ ਤਰਜੀਹ ਦਿਓ।
- ਬੀ ਟੀ ਨਰਮੇ ਵਾਸਤੇ ਲਾਈਨ ਤੋਂ ਲਾਈਨ ਦਾ ਫਾਸਲਾ 67.5 ਸੈਂਟੀਮੀਟਰ ਅਤੇ ਬੂਟੇ ਤੋਂ ਬੂਟੇ ਦਾ ਫਾਸਲਾ 75 ਸੈਂਟੀਮੀਟਰ ਰੱਖੋ।
- ਨਾਈਟ੍ਰੋਜਨ ਖਾਦ ਸਿਫਾਰਸ਼ ਕੀਤੀ ਮਾਤਰਾ ਤੋਂ ਵੱਧ ਨਾ ਪਾਓ ਕਿਉਂਕਿ ਜ਼ਿਆਦਾ ਖਾਦ ਪਾਉਣ ਨਾਲ ਰਸ ਚੂਸਣ ਵਾਲੇ ਕੀੜਿਆਂ ਵਿੱਚ ਵਾਧਾ ਹੁੰਦਾ ਹੈ।
- ਜ਼ਮੀਨ ਦੀ ਕਿਸਮ ਅਨੁਸਾਰ, ਨਰਮੇ ਨੂੰ ਪਹਿਲਾ ਪਾਣੀ 4-6 ਹਫ਼ਤੇ ਬਾਅਦ ਲਗਾਓ। ਨਰਮੇ ਨੂੰ ਆਖ਼ਰੀ ਪਾਣੀ ਸਤੰਬਰ ਦੇ ਅਖੀਰ ਵਿੱਚ ਜ਼ਰੂਰ ਲਾਓ।
- ਨਰਮੇ ਕਪਾਹ ਦਾ ਜ਼ਿਆਦਾ ਝਾੜ ਲੈਣ ਲਈ 2 ਪ੍ਰਤੀਸ਼ਤ ਪੋਟਾਸ਼ੀਅਮ ਨਾਈਟਰੇਟ (13:0:45) ਦੇ ਚਾਰ ਛਿੜਕਾਅ ਇੱਕ-ਇੱਕ ਹਫਤੇ ਦੇ ਵਕਫ਼ੇ ਤੇ ਕਰੋ ਅਤੇ ਪਹਿਲਾ ਛਿੜਕਾਅ ਫੁੱਲ ਆਉਣ ਤੇ ਕਰੋ।
- ਚਿੱਟੀ ਮੱਖੀ ਦੇ ਫੈਲਾਅ ਨੂੰ ਰੋਕਣ ਲਈ ਬਿਜਾਈ ਤੋਂ ਪਹਿਲਾਂ ਖਾਲੀ ਥਾਂਵਾਂ, ਸੜਕਾਂ ਦੇ ਕਿਨਾਰਿਆਂ ਅਤੇ ਖਾਲ਼ਿਆਂ ਦੀ ਵੱਟਾਂ ਅਤੇ ਬੇਕਾਰ ਪਈਆਂ ਥਾਂਵਾਂ ਵਿੱਚੋਂ ਚਿੱਟੀ ਮੱਖੀ ਅਤੇ ਲੀਫ ਕਰਲ (ਪੱਤਾ ਮਰੋੜ) ਬਿਮਾਰੀ ਦੇ ਬਦਲਵੇਂ ਨਦੀਨ ਜਿਵੇਂ ਕਿ ਕੰਘੀ ਬੂਟੀ, ਪੀਲੀ ਬੂਟੀ, ਪੁੱਠਕੰਡਾ, ਧਤੂਰਾ, ਭੰਗ, ਆਦਿ ਨੂੰ ਨਸ਼ਟ ਕਰੋ।
- ਨਰਮੇ ਤੋਂ ਇਲਾਵਾ ਚਿੱਟੀ ਮੱਖੀ ਦਾ ਹਮਲਾ ਹੋਰ ਫਸਲਾਂ ਜਿਵੇਂ ਕਿ ਬੈਂਗਣ, ਖੀਰਾ, ਚੱਪਣ ਕੱਦੂ, ਤਰ, ਆਲੂ, ਟਮਾਟਰ, ਮਿਰਚਾਂ, ਭਿੰਡੀ, ਮੂੰਗੀ, ਆਦਿ ਤੇ ਵੀ ਪਾਇਆ ਜਾਂਦਾ ਹੈ। ਇਸ ਵਾਸਤੇ ਫਰਵਰੀ ਮਹੀਨੇ ਤੋਂ ਹੀ ਇਨ੍ਹਾਂ ਫਸਲਾਂ ਦਾ ਲਗਾਤਾਰ ਸਰਵੇਖਣ ਕਰੋ ਅਤੇ ਲੋੜ ਮੁਤਾਬਿਕ ਇਨ੍ਹਾਂ ਤੇ ਚਿੱਟੀ ਮੱਖੀ ਦੀ ਰੋਕਥਾਮ ਕਰੋ।
- ਨਰਮੇ ਉੱਪਰ ਚਿੱਟੀ ਮੱਖੀ ਦਾ ਅਪ੍ਰੈਲ ਮਹੀਨੇ ਤੋਂ ਲਗਾਤਾਰ ਸਰਵੇਖਣ ਕਰਦੇ ਰਹੋ।
- ਘੱਟ ਲਾਗਤ ਵਾਲੇ 40 ਪੀਲੇ ਕਾਰਡ ਪ੍ਰਤੀ ਏਕੜ ਦੇ ਹਿਸਾਬ ਨਾਲ ਖੇਤਾਂ ਵਿੱਚ ਲਗਾਓ ਜੋ ਕਿ ਸ਼ੁਰੂਆਤੀ ਅਵਸਥਾ ਵਿੱਚ ਚਿੱਟੀ ਮੱਖੀ ਦੇ ਵਾਧੇ ਨੂੰ ਰੋਕਣ ਵਿੱਚ ਸਹਾਇਕ ਹਨ।

- ਚਿੱਟੀ ਮੱਖੀ ਦੀ ਰੋਕਥਾਮ ਲਈ ਛਿੜਕਾਅ ਉਸ ਸਮੇਂ ਸ਼ੁਰੂ ਕਰੋ ਜਦੋਂ ਬੂਟੇ ਦੇ ਉੱਪਰਲੇ ਹਿੱਸੇ ਵਿੱਚ ਸਵੇਰ ਨੂੰ 10 ਵਜੇ ਤੋਂ ਪਹਿਲਾਂ ਇਸ ਦੇ ਬਾਲਗਾਂ ਦੀ ਗਿਣਤੀ ਪ੍ਰਤੀ ਪੱਤਾ 6 ਹੋ ਜਾਵੇ।
- ਚਿੱਟੀ ਮੱਖੀ ਦੇ ਹਮਲੇ ਹੋਣ ਤੇ ਸ਼ੁਰੂਆਤੀ ਅਵਸਥਾ ਵਿੱਚ 1200 ਮਿਲੀਲਿਟਰ ਪ੍ਰਤੀ ਏਕੜ ਪੀਏਯੂ ਨਿੰਮ ਦਾ ਘੋਲ ਜਾਂ ਇੱਕ ਲਿਟਰ ਨਿੰਬੀਸੀਡੀਨ ਜਾਂ ਅਚੂਕ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰੋ ਕਿਉਂਕਿ ਇਹ ਮਿੱਤਰ ਕੀੜਿਆਂ ਲਈ ਸੁਰੱਖਿਅਤ ਹਨ। ਨਿੰਮ ਦਾ ਘੋਲ ਤਿਆਰ ਕਰਨ ਲਈ 4 ਕਿੱਲੋ ਨਿੰਮ ਦੀਆਂ ਕਰੂੰਬਲਾਂ (ਪੱਤੇ, ਹਰੀਆਂ ਟਹਿਣੀਆਂ ਅਤੇ ਨਿੰਮੋਲੀਆਂ) ਨੂੰ 10 ਲਿਟਰ ਪਾਣੀ ਵਿੱਚ 30 ਮਿੰਟ ਲਈ ਉਬਾਲੋ। ਇਸ ਘੋਲ ਨੂੰ ਕੱਪੜ ਛਾਣ ਕਰ ਲਓ ਅਤੇ ਤਰਲ ਨੂੰ ਸਿਫਾਰਸ਼ ਕੀਤੀ ਮਾਤਰਾ ਮੁਤਾਬਿਕ ਛਿੜਕਾਅ ਕਰੋ।
- ਚਿੱਟੀ ਮੱਖੀ ਦੇ ਬਾਲਗਾਂ ਦੀ ਰੋਕਥਾਮ ਲਈ 80 ਗ੍ਰਾਮ ਉਲਾਲਾ 50 ਡਬਲਯੂ ਜੀ (ਫਲੋਨਿਕਾਮਿਡ) ਜਾਂ 200 ਗ੍ਰਾਮ ਪੋਲੋ/ ਰੂਬੀ / ਕਰੇਜ਼ / ਲੂਡੋ / ਸ਼ੋਕੂ 50 ਡਬਲਯੂ ਪੀ (ਡਾਇਆਫੈਨਥੀਯੂਰੋਨ) ਜਾਂ 60 ਗ੍ਰਾਮ ਓਸ਼ੀਨ 20 ਐਸ ਜੀ (ਡਾਇਨੋਟੈਫ਼ੂਰਾਨ) ਜਾਂ 20 ਗ੍ਰਾਮ ਡੈਂਟੋਟਸੂ 50 ਡਬਲਯੂ ਜੀ (ਕਲੋਥੀਐਨੀਡਿਨ) ਜਾਂ 800 ਮਿਲੀਲਿਟਰ ਫੋਸਮਾਈਟ/ਈ-ਮਾਈਟ/ਵਾਲਥੀਆਨ/ਗੋਲਡ ਮਿਟ 50 ਈ ਸੀ (ਈਥੀਆਨ) ਦਾ ਛਿੜਕਾਅ ਕਰੋ।
- ਚਿੱਟੀ ਮੱਖੀ ਦੇ ਬੱਚਿਆਂ (ਨਿੰਫ) ਦੀ ਰੋਕਥਾਮ ਲਈ 500 ਮਿਲੀਲਿਟਰ ਲੈਨੋ/ਡੈਟਾ 10 ਈ ਸੀ (ਪਾਈਰੀਪਰੋਕਸੀਫਿਨ) ਜਾਂ 200 ਮਿਲੀਲਿਟਰ ਓਬਰੋਨ/ਵੋਲਟੇਜ਼ 22.9 ਐਸ ਸੀ (ਸਪੈਰੋਮੈਸੀਫਿਨ) ਦਾ ਛਿੜਕਾਅ ਕਰੋ।
- ਸਿਫਾਰਸ਼ ਕੀਤੀਆਂ ਕੀੜੇਮਾਰ ਜ਼ਹਿਰਾਂ ਸਹੀ ਸਮੇਂ ਤੇ ਸਹੀ ਮਾਤਰਾ ਵਿੱਚ ਹੀ ਵਰਤੋ। ਚਿੱਟੀ ਮੱਖੀ ਦੇ ਅਸਰਦਾਰ ਰੋਕਥਾਮ ਲਈ ਬੂਟੇ ਦੇ ਉੱਪਰ ਤੋਂ ਹੇਠਾਂ ਤੱਕ ਸਾਰੇ ਪੱਤਿਆਂ ਤੇ ਛਿੜਕਾਅ ਪਹੁੰਚਣਾ ਬਹੁਤ ਜ਼ਰੂਰੀ ਹੈ।
- ਕੀੜਿਆਂ ਦੀ ਰੋਕਥਾਮ ਲਈ ਸਿਫਾਰਸ਼ ਕੀਤੀਆਂ ਗਈਆਂ ਕੀਟਨਾਸ਼ਕਾਂ ਦਾ ਛਿੜਕਾਅ 125-150 ਲਿਟਰ ਪਾਣੀ ਪ੍ਰਤੀ ਏਕੜ ਵਿੱਚ ਮਿਲਾ ਕੇ ਨੈਪਸੈਕ ਪੰਪ ਜਾਂ 250 ਲਿਟਰ ਪਾਣੀ ਵਿੱਚ ਮਿਲਾ ਕੇ ਟਰੈਕਟਰ ਨਾਲ ਚੱਲਣ ਵਾਲਾ ਪੀਏਯੂ ਬਹੁਮੰਤਵੀ ਹਾਈ ਕਲੀਅਰੈਂਸ ਸਪਰੇਅਰ ਨਾਲ ਕਰੋ।
- ਛਿੜਕਾਅ ਹਮੇਸ਼ਾਂ ਦੁਪਿਹਰ 12 ਵਜੇ ਤੋਂ ਪਹਿਲਾਂ ਜਾਂ ਸ਼ਾਮ ਵੇਲੇ ਕਰੋ।
- ਜੇਕਰ ਪਿੰਡ ਪੱਧਰ ਤੇ ਇੱਕੋ ਸਮੇਂ ਕੀਟਨਾਸ਼ਕ ਦਾ ਛਿੜਕਾਅ ਕਰਨਾ ਸੰਭਵ ਹੋ ਸਕਦਾ ਹੈ ਤਾਂ ਚਿੱਟੀ ਮੱਖੀ ਦੀ ਰੋਕਥਾਮ ਜ਼ਿਆਦਾ ਅਸਰਦਾਰ ਸਾਬਤ ਹੋ ਸਕਦੀ ਹੈ।

## ਕੀ ਨਾ ਕਰੀਏ

- ਗ਼ੈਰ ਪ੍ਰਮਾਣਿਤ ਕਿਸਮਾਂ ਦੀ ਬਿਜਾਈ ਬਿਲਕੁਲ ਨਾ ਕਰੋ।
- ਫੁੱਲ ਡੋਡੀ ਆਉਣ ਵੇਲੇ ਅਤੇ ਟੀਂਡਿਆਂ ਦੇ ਵਾਧੇ ਸਮੇਂ ਫ਼ਸਲ ਨੂੰ ਸੋਕਾ ਨਾ ਲੱਗਣ ਦਿਓ।
- ਗ਼ੈਰ ਸਿਫਾਰਸ਼ੀ ਅਤੇ ਮਿਆਦ ਲੰਘਾ ਚੁੱਕੇ ਕੀਟਨਾਸ਼ਕਾਂ ਦੀ ਵਰਤੋਂ ਨਾ ਕਰੋ।
- ਕੀਟਨਾਸ਼ਕਾਂ ਦੇ ਮਿਸ਼ਰਣ (ਆਪ ਬਣਾਕੇ ਜਾਂ ਬਣੇ ਬਣਾਏ) ਦਾ ਛਿੜਕਾਅ ਬਿਲਕੁਲ ਨਾ ਕਰੋ।
- ਚਿੱਟੀ ਮੱਖੀ ਦੇ ਵਾਧੇ ਨੂੰ ਰੋਕਣ ਲਈ ਸਿੰਥੈਟਿਕ ਪਰਿਥਰਾਇਡ ਕੀਟਨਾਸ਼ਕਾਂ (ਸਾਈਪਰਮੈਥਰਿਨ, ਫੈਨਵਲਰੇਟ, ਡੈਲਟਾਮੈਥਰਿਨ), ਐਸੀਫੇਟ, ਐਸੀਟੀਮਾਪਰਿਡ, ਆਦਿ ਦੀ ਵਰਤੋਂ ਬਿਲਕੁਲ ਨਾ ਕਰੋ।
- ਇੱਕੋ ਕੀਟਨਾਸ਼ਕ ਅਤੇ ਇੱਕੋ ਗਰੁੱਪ ਦੀਆਂ ਜ਼ਹਿਰਾਂ ਦਾ ਲਗਾਤਾਰ ਛਿੜਕਾਅ ਨਾ ਕਰੋ।
- ਬੈਂਗਣ ਦੀ ਫਸਲ ਪੱਕਣ ਤੋਂ ਬਾਅਦ ਖੇਤ ਵਿੱਚੋਂ ਪੁੱਟ ਕੇ ਨਸ਼ਟ ਕਰ ਦਿਓ।
- ਨਰਮੇ ਵਿੱਚ ਕੱਦੂ ਜਾਤੀ ਦੀਆਂ ਫ਼ਸਲਾਂ (ਖੀਰਾ, ਚੱਪਣ ਕੱਦੂ ਅਤੇ ਤਰ) ਦੀ ਬਿਜਾਈ ਨਾ ਕਰੋ।

ਇਸ ਨੂੰ ਸਾਲ 2020 ਵਿੱਚ ਪ੍ਰਕਾਸ਼ਿਤ ਕੀਤਾ ਗਿਆ